ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਬਠਿੰਡਾ

ਹਜ਼ੂਰ ਸਾਹਿਬ ਤੋਂ ਪਰਤੇ 27 ਸ਼ਰਧਾਲੂ ਇਕਾਂਤਵਾਸ ਪੂਰਾ ਕਰਕੇ ਸੁੱਖੀ ਸਾਂਦੀ ਘਰਾਂ ਨੂੰ ਪਰਤੇ

ਡੀਸੀ ਅਤੇ ਐਸਐਸਪੀ ਨੇ ਸੁਭਕਾਮਨਾਵਾਂ ਭੇਂਟ ਕਰਦੇ ਹੋਏ ਕੀਤਾ ਵਿਦਾ

ਬਠਿੰਡਾ, 12 ਮਈ :

ਤਖਤ ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਸ਼ਧਾਲੂਆਂ ਵਿਚੋਂ 27 ਸ਼ਰਧਾਲੂ ਅੱਜ ਆਪਣਾ ਇਕਾਂਤਵਾਸ ਦਾ ਸਮਾਂ ਪੂਰਾ ਕਰਨ ਤੋਂ ਬਾਅਦ ਸੁੱਖੀ ਸਾਂਦੀ ਆਪਣੇ ਘਰਾਂ ਨੂੰ ਪਰਤ ਗਏ। ਇੰਨਾਂ ਨੂੰ ਮਹਾਰਾਜਾ ਰਣਜੀਤ ਸਿੰਘ ਟੈਕਨੀਕਲ ਯੁਨੀਵਰਸਿਟੀ ਤੋਂ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਅਤੇ ਐਸਐਸਪੀ ਡਾ: ਨਾਨਕ ਸਿੰਘ ਨੇ ਸੁਭਕਾਮਨਾਵਾਂ ਭੇਂਟ ਕਰਦੇ ਹੋਏ ਇੰਨਾਂ ਦੇ ਘਰਾਂ ਲਈ ਰਵਾਨਾ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਕਿਹਾ ਕਿ ਇਹ ਸ਼ਰਧਾਲੂ ਨਾਂਦੇੜ ਮਹਾਰਾਸ਼ਟਰ ਤੋਂ ਪਰਤੇ ਸਨ ਅਤੇ ਇੱਥੇ ਰਾਜ ਵਿਚ ਆਉਣ ਤੋਂ ਲੈ ਕੇ ਸਰਕਾਰੀ ਇਕਾਂਤਵਾਸ ਕੇਂਦਰ ਵਿਚ ਰਹਿ ਰਹੇ ਸਨ। ਇੰਨਾਂ ਦੇ ਟੈਸਟ ਵੀ ਕਰਵਾਏ ਗਏ ਸਨ ਅਤੇ ਦੋਨੋਂ ਟੈਸਟ ਰਿਪੋਰਟਾਂ ਨੈਗੇਟਿਗ ਆਉਣ ਤੋਂ ਬਾਅਦ ਇੰਨਾਂ ਨੂੰ ਅੱਜ ਘਰਾਂ ਵਿਚ ਭੇਜਿਆ ਜਾ ਰਿਹਾ ਹੈ। ਉਨਾਂ ਨੇ ਕਿਹਾ ਕਿ ਇੰਨਾਂ ਨੇ ਘਰਾਂ ਵਿਚ ਵੀ ਹੁਣ ਕੁਝ ਦਿਨ ਹੋਰ ਸਮਾਜਿਕ ਦੂਰੀ ਬਣਾ ਕੇ ਰੱਖਣੀ ਹੈ। ਇੰਨਾਂ ਵਿਚ 15 ਪੁਰਸ ਅਤੇ 12 ਔਰਤਾਂ ਸਨ। ਜਦ ਕਿ 5 ਬੱਚੇ ਵੀ ਇੰਨਾਂ ਵਿਚ ਸਨ।

ਇਸ ਮੌਕੇ ਇੰਨਾਂ ਨੂੰ ਘਰਾਂ ਨੂੰ ਵਿਦਾ ਕਰਨ ਤੋਂ ਪਹਿਲਾਂ ਇੰਨਾਂ ਨੂੰ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਨੇ ਫੁੱਲ ਭੇਂਟ ਕੀਤੇ ਅਤੇ ਇੰਨਾਂ ਦੇ ਸੁਖੱਦ ਭੱਵਿਖ ਦੀ ਅਰਦਾਸ ਕੀਤੀ।

ਇਸ ਮੌਕੇ ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਇੰਨਾਂ ਨੂੰ ਹਮੇਸਾ ਮਾਸਕ ਪਾ ਕੇ ਰੱਖਣ, ਘਰ ਵਿਚ ਵੀ ਸਮਾਜਿਕ ਦੂਰੀ ਬਣਾ ਕੇ ਰੱਖਣ, ਸਫਾਈ ਰੱਖਣ, ਵਾਰ ਵਾਰ ਹੱਥ ਧੋਣ ਆਦਿ ਦੇ ਸਿਹਤ ਨਿਯਮਾਂ ਦੀ ਦ੍ਰਿੜਤਾ ਨਾਲ ਪਾਲਣ ਕਰਨ ਲਈ ਕਿਹਾ।

ਇਸ ਮੌਕੇ ਘਰ ਪਰਤ ਰਹੇ ਲੋਕਾਂ ਦੇ ਚਿਹਰਿਆਂ ਤੇ ਅੱਵਲੀ ਖੁਸੀ ਝਲਕ ਰਹੀ ਸੀ ਅਤੇ ਉਨਾਂ ਨੇ ਇਕਾਂਤਵਾਸ ਠਹਿਰਾਓ ਦੌਰਾਨ ਜ਼ਿਲਾ ਪ੍ਰਸ਼ਾਸਨ ਵੱਲੋਂ ਕੀਤੇ ਪ੍ਰਬੰਧਾਂ ਲਈ ਸਭ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਡਾ: ਕੁੰਦਨ ਕੁਮਾਰ ਪਾਲ, ਤਹਿਸੀਲਦਾਰ ਸੁਖਬੀਰ ਸਿੰਘ ਬਰਾੜ, ਤੇਜਨੂਰ ਸਿੰਘ ਨੋਡਲ ਅਫ਼ਸਰ ਵੀ ਹਾਜਰ ਸਨ।

I/24093/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਸਹਿਕਾਰੀ ਸਭਾਵਾਂ ਨੇ ਤਕਰੀਬਨ ਸਵਾ 5 ਲੱਖ ਰੁਪਏ ਦਾ ਘਰੇਲੂ ਸਮਾਨ ਘਰ-ਘਰ ਪਹੁੰਚਾਇਆ

ਸਹਿਕਾਰੀ ਸਭਾਵਾਂ ਦੇ ਮੈਂਬਰਾਂ ਨੂੰ 37,48,096 ਰੁਪਏ ਦੀ ਖ਼ਾਦ ਕਰਵਾਈ ਮੁਹੱਈਆ

ਵੇਰਕਾ ਨੇ 118032 ਲੀਟਰ ਦੁੱਧ ਦੀ ਕਿਸਾਨਾਂ ਤੋਂ ਕੀਤੀ ਖ਼ਰੀਦ

ਬਠਿੰਡਾ, 12 ਮਈ (                    ) : ਡਿਪਟੀ ਕਮਿਸ਼ਨਰ ਸ਼੍ਰੀ ਬੀ ਸ੍ਰੀਨਿਵਾਸਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਹਿਕਾਰੀ ਸਭਾਵਾਂ ਵਲੋਂ ਮੰਗਲਵਾਰ ਨੂੰ ਤਕਰੀਬਨ 5,26,469 ਰੁਪਏ ਦਾ ਲੋੜੀਂਦਾ ਘਰੇਲੂ ਸਮਾਨ ਘਰ-ਘਰ ਪਹੁੰਚਾਇਆ ਗਿਆ। ਇਸ ਤੋਂ ਇਲਾਵਾ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਨੂੰ 37,48,096 ਰੁਪਏ ਦੀ ਖ਼ਾਦ ਵੀ ਵੇਚੀ ਗਈ। ਇਹ ਜਾਣਕਾਰੀ ਉਪ ਰਜਿਸਟਰਾਰ ਸ਼੍ਰੀ ਅਨਿਲ ਕੁਮਾਰ ਨੇ ਸਾਂਝੀ ਕੀਤੀ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸ਼੍ਰੀ ਅਨਿਲ ਕੁਮਾਰ ਨੇ ਦੱਸਿਆ ਕਿ ਕਰੋਨਾ ਵਾਇਰਸ ਦੀ ਮਹਾਂਮਾਰੀ ਦੇ ਮੱਦੇਨਜ਼ਰ ਸਹਿਕਾਰੀ ਸਭਾਵਾਂ ਵੱਲੋਂ ਜ਼ਿਲੇ ਦੇ ਲੋਕਾਂ ਨੂੰ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲਾ ਘਰੇਲੂ ਸਮਾਨ ਜਿਵੇਂ ਕਿ ਘਿਓ, ਦਾਲਾਂ, ਤੇਲ, ਖੰਡ ਆਦਿ ਘਰ-ਘਰ ਪਹੁੰਚਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸਭਾਵਾਂ ਨਾਲ ਜੁੜੇ ਹੋਏ ਮੈਂਬਰਾਂ ਨੂੰ ਖ਼ਾਦ ਵੀ ਮੁਹੱਈਆ ਕਰਵਾਈ ਜਾ ਰਹੀ ਹੈ।

ਉਨਾਂ ਇਹ ਵੀ ਦੱਸਿਆ ਕਿ ਵੇਰਕਾ ਮਿਲਕ ਪਲਾਂਟ ਬਠਿੰਡਾ ਵੱਲੋਂ 118032 ਲੀਟਰ ਦੁੱਧ ਦੀ ਖਰੀਦ ਕਿਸਾਨਾਂ ਤੋਂ ਕੀਤੀ ਗਈ ਤੇ 47053 ਲੀਟਰ ਦੁੱਧ ਦੀ ਸਪਲਾਈ ਆਮ ਲੋਕਾਂ ਨੂੰ ਆਪਣੀਆਂ ਵੈਨਾਂ ਆਦਿ ਰਾਹੀਂ ਉਨਾਂ ਦੇ ਦਰਾਂ ਤੱਕ ਮੁਹੱਈਆ ਕਰਵਾਈ ਗਈ।

ਇਸ ਤੋਂ ਇਲਾਵਾ ਉਨਾਂ ਦੱਸਿਆ ਕਿ ਵੇਰਕਾ ਵੱਲੋਂ 5466 ਕਿਲੋ ਦਹੀਂ, 734 ਕਿਲੋ ਪਨੀਰ, 6948 ਲੀਟਰ ਲੱਸੀ ਅਤੇ ਘਿਓ ਦੀ ਸਪਲਾਈ ਵੀ ਆਮ ਜਨਤਾ ਨੂੰ ਕੀਤੀ ਗਈ। ਇਸੇ ਤਰਾਂ ਮਾਰਕਫੈਡ ਬਠਿੰਡਾ ਵਲੋਂ ਵੱਖ-ਵੱਖ ਸੇਲ ਪੁਆਇੰਟਾਂ ਰਾਹੀਂ ਲੋਕਾਂ ਨੂੰ ਘਿਓ ਅਤੇ ਹੋਰ ਜ਼ਰੂਰੀ ਵਸਤਾਂ ਦੀ ਸਪਲਾਈ ਵੀ ਨਿਰਵਿਘਨ ਕੀਤੀ ਜਾ ਰਹੀ ਹੈ।

ਉਪ ਰਜਿਸਟਰਾਰ ਨੇ ਅੱਗੇ ਦੱਸਿਆ ਕਿ ਸਹਿਕਾਰੀ ਬੈਂਕਾਂ ਵਲੋਂ ਆਪਣੇ ਕਿਸਾਨ ਭਰਾਵਾਂ ਦੀ ਸਹੂਲਤ ਲਈ ਵੱਖ-ਵੱਖ 5 ਬਰਾਂਚਾਂ ਵਿਚ ਏ.ਟੀ.ਐਮ ਦੀ ਸੁਵਿੱਧਾ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਸਾਰੇ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਨੂੰ ਸਮਾਜਿਕ ਫ਼ਾਸਲਾ ਬਣਾਈ ਰੱਖਣ ਦੇ ਮੱਦੇਨਜ਼ਰ ਏ.ਟੀ.ਐਮ. ਕਾਰਡ ਵੀ ਦਿੱਤੇ ਗਏ ਹਨ ਤਾਂ ਜੋ ਤਾਲਾਬੰਦੀ ਦੌਰਾਨ ਉਨਾਂ ਪੈਸੇ ਕਢਵਾਉਣ ਲਈ ਕੋਈ ਸਮੱਸਿਆ ਨਾ ਆਵੇ।

I/24094/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਫੌਜ ਵਿੱਚ ਭਰਤੀ ਹੋਣ ਦੇ ਚਾਹਵਾਨਾਂ ਲਈ ਲਿਖਤੀ ਤੇ ਸਰੀਰਿਕ ਸਿਖਲਾਈ ਦੇਣ ਲਈ ਚਲਾਏ ਜਾ ਰਹੇ ਹਨ ਸੀ-ਪਾਈਟ ਕੇਂਦਰ

15 ਮਈ ਤੋਂ ਆਨਲਾਈਨ ਸਿਖਲਾਈ ਦੀ ਕੀਤੀ ਜਾ ਰਹੀ ਹੈ ਸ਼ੁਰੂਆਤ

ਬਠਿੰਡਾ, 12 ਮਈ : ਪੰਜਾਬ ਸਰਕਾਰ ਵੱਲੋਂ ਫੌਜ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਲਈ ਲਿਖਤੀ ਅਤੇ ਸਰੀਰਿਕ ਸਿਖਲਾਈ ਦੇਣ ਲਈ ਸੀ-ਪਾਈਟ ਕੇਂਦਰ ਚਲਾਏ ਜਾ ਰਹੇ ਹਨ। ਇੰਨਾਂ ਕੇਂਦਰਾਂ ਦੁਆਰਾ ਲੋੜੀਂਦੀ ਲਿਖਤੀ ਤੇ ਸਰੀਰਿਕ ਪ੍ਰੀਖਿਆ ਦੀ ਸਿਖਲਾਈ ਲੈ ਕੇ ਨੌਜਵਾਨ ਫੌਜ ਦੀਆਂ ਵੱਖ-ਵੱਖ ਫੋਰਸਾਂ ਵਿੱਚ ਭਰਤੀ ਹੋ ਰਹੇ ਹਨ। ਇਹ

ਜਾਣਕਾਰੀ ਮਾਡਲ ਕਰੀਅਰ ਸੈਂਟਰ-ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਸੀ.ਈ.ਓ. ਕਮ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਪਰਮਵੀਰ ਸਿੰਘ ਨੇ ਜਾਣਕਾਰੀ ਦਿੱਤੀ।

ਉਨਾਂ ਹੋਰ ਦੱਸਿਆ ਕਿ ਜ਼ਿਲਾ ਬਠਿੰਡਾ ਦੇ ਸੀ-ਪਾਈਟ ਕੇਂਦਰ ਕਾਲਝਰਾਣੀ ਅਤੇ ਬੋਰੇਵਾਲ ਵਿਖੇ ਫੌਜ ਵਿੱਚ ਭਰਤੀ ਦੇ ਚਾਹਵਾਨ ਨੌਜਵਾਨਾਂ ਲਈ 15 ਮਈ, 2020 ਤੋਂ ਆਨਲਾਈਨ ਸਿਖਲਾਈ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ ਤਾਂ ਜੋ ਤਾਲਾਬੰਦੀ ਤੋਂ ਬਾਅਦ ਹਾਲਾਤ ਸੁਧਰਨ ਉਪਰੰਤ ਹੋਣ ਵਾਲੀਆਂ ਭਰਤੀਆਂ ਲਈ ਨੌਜਵਾਨਾਂ ਨੂੰ ਤਿਆਰ ਕੀਤਾ ਜਾ ਸਕੇ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦੇ ਹੋਏ ਸ਼੍ਰੀ ਰਮੇਸ਼ ਚੰਦਰ ਖੁੱਲਰ, ਡਿਪਟੀ ਡਾਇਰੈਕਟਰ, ਜਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਠਿੰਡਾ ਨੇ ਦੱਸਿਆ ਕਿ ਫੌਜ ਵਿੱਚ ਭਰਤੀ ਦੇ ਚਾਹਵਾਨ ਨੌਜਵਾਨ ਦੀ ਯੋਗਤਾ ਦਸਵੀਂ ਵਿੱਚ ਘੱਟੋ-ਘੱਟ 45 ਪ੍ਰਤੀਸ਼ਤ, ਉਮਰ 17  ਤੋਂ 21 ਸਾਲ ਤੇ ਛਾਤੀ 77 ਸੈਟੀਮੀਟਰ ਹੋਣੀ ਚਾਹੀਦੀ ਹੈ। ਇਸ ਸਬੰਧੀ ਹੋਰ ਜਾਣਕਾਰੀ ਲਈ ਸੀ-ਪਾਈਟ ਕੇਂਦਰ ਕਾਲਝਰਾਣੀ ਅਤੇ ਬੋਰੇਵਾਲ ਦੇ ਮੁਖੀ ਸ਼੍ਰੀ ਹਰਮੇਲ ਸਿੰਘ ਨਾਲ ਮੋਬਾਇਲ ਨੰਬਰ 94641-52013 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਮਾਡਲ ਕਰੀਅਰ ਸੈਂਟਰ ਜ਼ਿਲਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਡਿਪਟੀ ਸੀ.ਈ.ਓ ਸ਼੍ਰੀ ਤੀਰਥਪਾਲ ਸਿੰਘ ਤੇ ਸ਼੍ਰੀ ਅੰਕੁਰਵੀਰ ਅਰੋੜਾ ਨੇ ਦੱਸਿਆ ਕਿ ਤਾਲਾਬੰਦੀ ਦੌਰਾਨ ਵਿਦਿਆਰਥੀਆਂ ਤੇ ਬੇਰੋਜ਼ਗਾਰ ਨੌਜਵਾਨਾਂ ਲਈ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਦੇ ਜੁਆਇੰਟ ਪ੍ਰੋਜੈਕਟ ਤਹਿਤ ਮਾਡਲ ਕਰੀਅਰ ਸੈਂਟਰ ਜ਼ਿਲਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਬਠਿੰਡਾ ਵਿਖੇ ਆਨਲਾਈਨ ਕਰੀਅਰ ਗਾਈਡੈਂਸ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ।

ਉਨਾਂ ਕਿਹਾ ਕਿ ਚਾਹਵਾਨ ਪ੍ਰਾਰਥੀ ਆਨਲਾਈਨ ਕਰੀਅਰ ਗਾਈਡੈਂਸ ਲੈਣ ਲਈ ਸੋਮਵਾਰ ਤੋਂ ਸ਼ਨੀਵਾਰ ਤੱਕ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਸ਼੍ਰੀ ਅੰਕੁਰਵੀਰ ਅਰੋੜਾ ਦੇ 77107-21374 ਮੋਬਾਇਲ ਨੰਬਰ ਤੇ ਡਿਪਟੀ ਸੀ.ਈ.ਓ ਸ਼੍ਰੀ ਤੀਰਥਪਾਲ ਸਿੰਘ ਦੇ 70813-00013 ਮੋਬਾਇਲ ਨੰਬਰ 'ਤੇ ਵਟਸਐਪ ਮੈਸੇਜ਼ ਕਰਕੇ ਲੋੜੀਂਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਵਧੇਰੇ ਜਾਣਕਾਰੀ ਲਈ ਜਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਫੇਸਬੁੱਕ ਪੇਜ਼ 'ਤੇ ਲਾਗਆੱਨ ਵੀ ਕੀਤਾ ਜਾ ਸਕਦਾ ਹੈ।

I/24097/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਬਠਿੰਡਾ

ਕਣਕ ਦੀ ਨਾੜ ਨੂੰ ਅੱਗ ਲਗਾਉਣ ਵਾਲੇ 11 ਕਿਸਾਨਾਂ ਦੇ ਚਲਾਨ ਕੱਟੇ

ਬਠਿੰਡਾ, 12 ਮਈ : ਕਣਕ ਦੀ ਨਾੜ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਦੇ ਖੇਤਾਂ ਦਾ ਸਰਵੇ ਕਰਕੇ ਪ੍ਰਦੂਸ਼ਨ ਕੰਟਰੋਲ ਬੋਰਡ ਨੇ ਬਠਿੰਡਾ ਜ਼ਿਲੇ ਵਿਚ 11 ਕਿਸਾਨਾਂ ਦੇ ਚਲਾਨ ਕੱਟ ਦਿੱਤੇ ਅਤੇ ਜਿਨਾਂ ਵਿੱਚੋਂ 2 ਕਿਸਾਨਾਂ ਕੋਲੋਂ ਜੁਰਮਾਨਾ ਵਸੂਲ ਕਰ ਲਿਆ ਗਿਆ ਹੈ। ਅੱਗ ਲਾਉਣ ਵਾਲੇ ਹਰ ਕਿਸਾਨ ਤੋਂ ਇਹ ਜੁਰਮਾਨਾ ਵਸੂਲ ਕੀਤਾ ਜਾਵੇਗਾ। ਇਹ ਜਾਣਕਾਰੀ ਜ਼ਿਲਾ ਖੇਤੀਬਾੜੀ ਅਫ਼ਸਰ ਡਾ: ਬਹਾਦਰ ਸਿੰਘ ਸਿੱਧੂ ਨੇ ਦਿੱਤੀ ਹੈ।

ਸ੍ਰੀ ਬੀ ਸ੍ਰੀਨਿਵਾਸਨ ਆਈ.ਏ.ਐੱਸ. ਡਿਪਟੀ ਕਮਿਸ਼ਨਰ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਡਾ. ਬਹਾਦਰ ਸਿੰਘ ਸਿੱਧੂ ਮੁੱਖ ਖੇਤੀਬਾੜੀ ਅਫ਼ਸਰ, ਬਠਿੰਡਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਅੱਜ ਮਹਾਂਮਾਰੀ ਦੇ ਦੌਰ ਵਿੱਚ ਕੋਵਿਡ ਜਿਹੀ ਭਿਆਨਕ ਬੀਮਾਰੀ ਚੱਲ ਰਹੀ ਹੈ ਜੋ ਕਮਜ਼ੋਰ ਫੇਫੜਿਆਂ ਤੇ ਵੱਧ ਮਾਰ ਕਰਦੀ ਹੈ। ਧੂੰਆਂ ਸਾਹ ਦੀਆਂ ਬੀਮਾਰੀਆਂ ਦਾ ਕਾਰਨ ਬਣਦਾ ਹੈ। ਇਸ ਬੀਮਾਰੀ ਨਾਲ ਜੋ ਲੋਕ ਬੀਮਾਰ ਚੱਲ ਰਹੇ ਹਨ, ਧੂੰਆਂ ਉਨਾਂ ਲਈ ਜਾਨਲੇਵਾ ਸਾਬਿਤ ਹੋ ਸਕਦਾ ਹੈ ਅਤੇ ਬੀਮਾਰੀ ਨੂੰ ਵਧਾਉਣ ਵਿੱਚ ਵੱਡਾ ਰੋਲ ਅਦਾ ਕਰਦਾ ਹੈ। ਬੀਮਾਰ ਫੇਫੜੇ ਧੂੰਏ ਦੀ ਮਾਰ ਨਹੀਂ ਝੱਲ ਸਕਣਗੇ। ਇਸ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਠਿੰਡਾ ਵੱਲੋਂ ਕਿਸਾਨਾਂ ਨੂੰ ਅਰਜ਼ੋਈ ਕੀਤੀ ਗਈ ਹੈ ਕਿ ਆਪਾਂ ਸੰਭਲ ਜਾਈਏ ਅਤੇ ਨਾੜ ਨੂੰ ਅੱਗ ਨਾ ਲਗਾ ਕੇ ਬੀਮਾਰੀ ਨੂੰ ਰੋਕਣ ਵਿੱਚ ਲੱਗੇ ਲੋਕਾਂ ਨਾਲ ਹਿੱਸਾ ਪਾਈਏ। ਰਹਿੰਦ ਖੂੰਹਦ ਨੂੰ ਸਹੀ ਤਰੀਕੇ ਨਾਲ ਸੰਭਾਲੀਏ, ਤਾਂ ਕਿ ਮਨੁੱਖੀ ਜਾਨਾਂ ਖਤਰੇ ਵਿੱਚ ਨਾ ਪੈਣ। ਅੱਗ ਦਾ ਧੂੰਆਂ ਸਾਡੇ ਫੇਫੜਿਆਂ ਵਿੱਚ ਜਾਂਦਾ ਹੈ, ਜਿਸ ਨਾਲ ਮਨੁੱਖੀ ਜਾਨਾਂ ਦਾ ਸਿੱਧਾ ਨੁਕਸਾਨ ਹੁੰਦਾ ਹੈ। ਜਿੱਥੇ ਲੋਕ ਲੋਕਾਂ ਦੀ ਸਹਾਇਤਾ ਵਿੱਚ ਲੰਗਰ ਲਗਾ ਕੇ, ਮਾਸਕ ਅਤੇ ਸੈਨੇਟਾਈਜ਼ਰ ਵੰਡ ਕੇ ਲੋਕਾਂ ਉੱਪਰ ਬੀਮਾਰੀ ਦੇ ਹਮਲੇ ਨੂੰ ਰੋਕਣ ਵਿੱਚ ਲੱਗੇ ਹਨ ਉੱਥੇ ਆਪਾਂ ਵੀ ਨਾੜ ਨੂੰ ਅੱਗ ਨਾ ਲਗਾ ਕੇ ਵਾਤਾਵਰਣ ਨੂੰ ਸਾਫ਼ ਰੱਖੀਏ ਤਾਂ ਕਿ ਮਨੁੱਖੀ ਜਾਨਾਂ ਖਤਰੇ ਵਿੱਚ ਨਾ ਪੈਣ ਅਤੇ ਪੰਜਾਬ ਸਰਕਾਰ ਦਾ ਸਾਥ ਦੇਈਏ ਨਿਭਾਈਏ।

I/24098/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਬਠਿੰਡਾ

ਖੇਤੀਬਾੜੀ ਵਿਭਾਗ ਨੇ ਝੋਨੇ ਦੀ ਸਿੱਧੀ ਬੀਜਾਈ ਸਬੰਧੀ ਕਿਸਾਨਾਂ ਲਈ ਜਰੂਰੀ ਨੁਕਤੇ ਜਾਰੀ ਕੀਤੇ

ਬਠਿੰਡਾ, 12 ਮਈ : ਜ਼ਿਲਾ ਖੇਤੀਬਾੜੀ ਅਫ਼ਸਰ ਸ: ਬਹਾਦੁਰ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਇਸ ਵਾਰ ਲੇਬਰ ਦੀ ਸਮੱਸਿਆ ਨੂੰ ਦੇਖਦੇ ਹੋਏ ਕਿਸਾਨਾਂ ਵਿੱਚ ਝੋਨੇ ਦੀ ਸਿੱਧੀ ਬੀਜਾਈ ਦਾ ਰੁਝਾਨ ਵਧਿਆ ਹੈ। ਝੋਨੇ ਦੀ ਸਿੱਧੀ ਬੀਜਾਈ ਨਾਲ ਜਿੱਥੇ ਲਗਭਗ 6000/- ਦੇ ਕਰੀਬ ਖਰਚਾ ਘੱਟ ਹੁੰਦਾ ਹੈ, ਉੱਥੇ ਪਾਣੀ ਦੀ ਬਹੁਤ ਵੱਡੀ ਮਾਤਰਾ ਵਿੱਚ ਬੱਚਤ ਹੁੰਦੀ ਹੈ ਕਿਉਂਕਿ ਪਨੀਰੀ ਪੁੱਟ ਕੇ ਲਾਉਣ ਨਾਲ ਕੱਦੂ ਕਰਨ ਵੇਲੇ ਹੀ 20-30% ਪਾਣੀ ਲੱਗ ਜਾਂਦਾ ਹੈ ਜਦ ਕਿ ਸਿੱਧੀ ਬੀਜਾਈ ਵਿੱਚ ਇਸਦੀ ਲੋੜ ਨਹੀਂ ਪੈਂਦੀ ਅਤੇ ਨਾ ਹੀ ਲੇਬਰ ਦੀ ਲੋੜ ਪੈਂਦੀ ਹੈ।

ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕਿਸਾਨਾਂ ਨਾਲ ਨੁਕਤੇ ਸਾਂਝੇ ਕਰਦਿਆਂ ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਸਿੱਧੀ ਬੀਜਾਈ ਕਰਨ ਵੇਲੇ ਕਿਸਾਨਾਂ ਨੂੰ ਦੋ ਗੱਲਾਂ ਪ੍ਰਤੀ ਸੁਚੇਤ ਹੋਣਾ ਬਹੁਤ ਜ਼ਰੂਰੀ ਹੈ। ਇੱਕ ਤਾਂ ਸਿੱਧੀ ਬੀਜਾਈ ਦੀ ਕਾਮਯਾਬੀ ਲਈ ਬੀਜਾਈ ਸਿਰਫ਼ ਦਰਮਿਆਨੀ ਤੋਂ ਭਾਰੀਆਂ ਜ਼ਮੀਨਾਂ ਵਿੱਚ ਹੀ ਕਰੋ। ਹਲਕੀਆਂ ਜ਼ਮੀਨਾਂ ਵਿੱਚ ਝੋਨੇ ਦੀ ਸਿੱਧੀ ਬੀਜਾਈ ਬਿਲਕੁਲ ਨਾ ਕਰੋ ਕਿਉਂਕਿ ਇਸ ਨਾਲ ਲੋਹੇ ਦੀ ਘਾਟ ਆ ਜਾਂਦੀ ਹੈ ਅਤੇ ਝਾੜ ਬਹੁਤ ਘੱਟ ਜਾਂਦਾ ਹੈ। ਦੂਸਰੀ ਨਦੀਨਾਂ ਦੀ ਰੋਕਥਾਮ ਲਈ ਬੀਜਾਈ ਤੋਂ 2 ਦਿਨਾਂ ਦੇ ਅੰਦਰ 1.0 ਲਿਟਰ ਪ੍ਰਤੀ ਏਕੜ ਸਟੌਂਪ 30 ਈ.ਸੀ. ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਛਿੜਕੋ। ਬੀਜਾਈ ਤੋਂ ਬਾਅਦ ਜੇ 20-25 ਦਿਨ ਬਾਅਦ ਫ਼ਸਲ ਵਿੱਚ ਸਵਾਂਖ ਅਤੇ ਝੋਨੇ ਦੇ ਮੋਥੇ ਹੋਣ ਤਾਂ 100 ਮਿਲੀ/ ਏਕੜ ਨੋਮਨੀ ਗੋਲਡ 100 ਲੀਟਰ ਪਾਣੀ ਵਿੱਚ ਸਪਰੇ ਕਰੋ। ਬੀਜਾਈ ਲਈ ਬੀਜ 8-10

ਕਿਲੋ ਪ੍ਰਤੀ ਏਕੜ ਵਰਤੋ। ਕਤਾਰਾਂ ਵਿੱਚ 8 ਇੰਚ ਦਾ ਫਾਸਲਾ ਰੱਖੋ ਅਤੇ ਬੀਜਾਈ ਸੁੱਕੇ ਖੇਤ ਵਿੱਚ ਕਰਕੇ ਪਾਣੀ ਲਾਉ ਜਾਂ ਰੌਣੀ ਕਰਕੇ ਵੱਤਰ ਆਉਣ ਤੇ ਬੀਜੋ।

I/24099/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਬਠਿੰਡਾ

ਜ਼ਿਲੇ ਦੀਆਂ ਮੰਡੀਆਂ ਵਿਚ 914250 ਮੀਟ੍ਰਿਕ ਟਨ ਕਣਕ ਦੀ ਹੋਈ ਆਮਦ

ਖ਼ਰੀਦ ਏਜੰਸੀਆਂ ਨੇ 906537 ਮੀਟ੍ਰਿਕ ਟਨ ਕਣਕ ਦੀ ਕੀਤੀ ਖ਼ਰੀਦ

1521 ਕਰੋੜ ਰੁਪਏ ਦੀ ਕੀਤੀ ਅਦਾਇਗੀ

ਬਠਿੰਡਾ, 12 ਮਈ : ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀਨਿਵਾਸਨ ਨੇ ਕਿਹਾ ਕਿ ਜ਼ਿਲੇ ਦੀਆਂ ਮੰਡੀਆਂ ਵਿਚ ਹੁਣ ਤੱਕ 914250 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਜਦਕਿ ਵੱਖ-ਵੱਖ ਖ਼ਰੀਦ ਏਜੰਸੀਆਂ ਵਲੋਂ 906537 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਖ਼ਰੀਦੀ ਗਈ ਕਣਕ ਦੀ 1521 ਕਰੋੜ ਰੁਪਏ ਦੀ ਕਿਸਾਨਾਂ ਨੂੰ ਅਦਾਇਗੀ ਵੀ ਕੀਤੀ ਗਈ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀਨਿਵਾਸਨ ਨੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਣਕ ਦੀ ਖ਼ਰੀਦ ਵਿਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ ਹਨ। ਉਨਾਂ ਇਹ ਵੀ ਕਿਹਾ ਕਿ ਮੰਡੀਆਂ ਵਿਚ ਆਈ ਕਣਕ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆਂ ਜਾਵੇਗਾ ਅਤੇ ਮੰਡੀਆਂ ਵਿਚ ਕਿਸਾਨਾਂ ਨੂੰ ਕਣਕ ਦੀ ਖ਼ਰੀਦ ਦੌਰਾਨ ਕਿਸੇ ਤਰਾ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਲੇ ਦੀਆਂ ਅਨਾਜ਼ ਮੰਡੀਆਂ ਵਿਚ ਚੱਲ ਰਹੀ ਖ਼ਰੀਦ ਬਾਰੇ ਜਾਣਕਾਰੀ ਦਿੰਦਿਆਂ ਜ਼ਿਲਾ ਫੂਡ ਸਪਲਾਈ ਕੰਟਰੋਲਰ ਸ. ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਹੁਣ ਤੱਕ ਪਨਗ੍ਰੇਨ ਵਲੋਂ 258745 ਮੀਟ੍ਰਿਕ ਟਨ, ਮਾਰਕਫੈਡ ਵਲੋਂ 234631 ਮੀਟ੍ਰਿਕ ਟਨ, ਪਨਸਪ ਵਲੋਂ 205263 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਨੇ 139639 ਤੇ ਭਾਰਤੀ ਖੁਰਾਕ ਨਿਗਮ ਨੇ 67059 ਮੀਟ੍ਰਿਕ ਟਲ ਅਤੇ ਨਿੱਜੀ ਵਪਾਰੀਆਂ ਨੇ 1200 ਟਨ ਕਣਕ ਦੀ ਖਰੀਦ ਕੀਤੀ ਹੈ ਜ਼ਿਲਾ ਫੂਡ ਸਪਲਾਈ ਕੰਟਰੋਲਰ ਨੇ ਇਹ ਵੀ ਦੱਸਿਆ ਕਿ 748629 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਹੋ ਚੁੱਕੀ ਹੈ

I/24100/2020